SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 23* Issue 161** | **Tuesday, 03 September 2024** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' **Online**ਰੋਜ਼ਾਨਾ ਪੜ੍ਹ ਸਕਦੇ ਹੋ*

## ਪੈਰਾਓਲੰਪਿਕ: ਕੈਨੇਡੀਅਨ ਵਹੀਲਚੇਅਰ ਰੇਸਰ ਆਸਟਿਨ ਸਮੀਨਕ ਨੇ ਜਿੱਤਿਆ ਕਾਂਸੇ ਦਾ ਮੈਡਲ



ਪੈਰਿਸ, 2 ਸਤੰਬਰ (ਪੋਸਟ ਬਿਊਰੋ): ਕੈਨੇਡੀਅਨ ਵਹੀਲਚੇਅਰ ਰੇਸਰ ਆਸਟਿਨ ਸਮੀਨਕ ਨੇ ਸੋਮਵਾਰ ਨੂੰ ਪੁਰਸ਼ਾਂ ਦੀ T34 100 ਮੀਟਰ ਵਿੱਚ ਕਾਂਸੀ ਪਦਕ ਜਿੱਤਕੇ ਆਪਣੇ ਕਰਿਅਰ ਦਾ ਪਹਿਲਾ ਪੈਰਾਓਲੰਪਿਕ ਮੈਡਲ ਜਿੱਤਿਆ।

ਓਕਵਿਲੇ, ਓਂਟਾਰੀਓ ਦੇ ਨਿਵਾਸੀ ਨੇ ਸਟੇਡ ਡੀ ਫ਼ਰਾਂਸ ਵਿੱਚ 15.19 ਸੈਕੰਡ ਦੇ ਸਮੇਂ ਵਿੱਚ ਦੌੜ ਪੂਰੀ ਕੀਤੀ, ਜਿਸ ਨਾਲ ਕੈਨੇਡਾ ਨੂੰ ਇਨ੍ਹਾਂ ਖੇਡਾਂ ਦਾ ਛੇਵਾਂ ਕਾਂਸੀ ਅਤੇ 10ਵਾਂ ਮੈਡਲ ਮਿਲਿਆ।

27 ਸਾਲਾ ਖਿਡਾਰੀ ਨੇ ਮੈਡਲ ਲਈ ਤੇਜ਼ੀ ਨਾਲ ਬੜਤ ਬਣਾਈ ਅਤੇ ਟਿਊਨਿਸ਼ੀਆ ਦੇ ਸਿਲਵਰ ਮੈਡਲ ਜੇਤੂ ਵਾਲਿਦ ਕਟਿਲਾ ਤੋਂ ਸਿਰਫ਼ 0.05 ਸੈਕੰਡ ਪਿੱਛੇ ਰਹਿ ਗਏ, ਜੋ ਤਿੰਨ ਵਾਰ ਦੇ ਪਿਛਲੇ ਜੇਤੂ ਦੇ ਰੂਪ ਵਿੱਚ ਦੌੜ ਵਿੱਚ ਸ਼ਾਮਿਲ ਹੋਏ ਸਨ।

ਥਾਈਲੈਂਡ ਦੇ ਚੈਵਾਤ ਰੱਟਾਨਾ ਨੇ 14.76 ਸੈਕੰਡ ਵਿੱਚ ਪੈਰਾਓਲੰਪਿਕ ਰਿਕਾਰਡ ਬਣਾਉਂਦੇ ਹੋਏ ਗੋਲਡ ਮੈਡਲ ਜਿੱਤਿਆ। ਸਮੀਨਕ ਨੇ 15.38 ਵਿੱਚ ਆਪਣੀ ਹੀਟ ਜਿੱਤਕੇ ਚੌਥਾ ਸਭਤੋਂ ਤੇਜ਼ ਕੁਆਲੀਫਾਇੰਗ ਸਮਾਂ ਦਰਜ ਕੀਤਾ। ਉਨ੍ਹਾਂ ਨੇ ਪਿਛਲੇ ਜੁਲਾਈ ਵਿੱਚ ਵਰਲਡ ਪੈਰਾ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਸਿਲਵਰ ਮੈਡਲ ਜਿੱਤਿਆ ਸੀ।

## ਪ੍ਰਿੰਸ ਅਲਬਰਟ ਪੁਲਿਸ 22 ਸਾਲਾ ਨੌਜਵਾਨ ਦੀ ਮੌਤ ਦੀ ਕਰ ਰਹੀ ਜਾਂਚ




ਸਾਸਕਾਟੂਨ, 2 ਸਤੰਬਰ (ਪੋਸਟ ਬਿਊਰੋ): ਪ੍ਰਿੰਸ ਅਲਬਰਟ ਪੁਲਿਸ ਸਰਵਿਸ 22 ਸਾਲਾ ਨੌਜਵਾਨ ਦੀ ਮੌਤ ਦੀ ਜਾਂਚ ਕਰ ਰਹੀ ਹੈ। ਐਤਵਾਰ ਨੂੰ ਸਵੇਰੇ ਕਰੀਬ 9 ਵਜੇ ਅਧਿਕਾਰੀ ਪੈਰਾਮੇਡਿਕਸ ਦੀ ਸਹਾਇਤਾ ਲਈ 28ਵੀਂ ਸਟਰੀਟ ਈਸਟ ਦੇ 1200 ਬਲਾਕ 'ਤੇ ਪਹੁੰਚੇ, ਜੋ ਇੱਕ ਅਜਿਹੇ ਵਿਅਕਤੀ ਦੀ ਦੇਖਭਾਲ ਕਰ ਰਹੇ ਸਨ ਜੋ ਹੋਸ਼ ਵਿੱਚ ਨਹੀਂ ਸੀ ਅਤੇ ਸਾਹ ਨਹੀਂ ਲੈ ਰਿਹਾ ਸੀ।

ਅਧਿਕਾਰੀਆਂ ਅਤੇ ਪਾਰਕਲੈਂਡ ਐਂਬੂਲੈਂਸ ਕਰਮੀਆਂ ਨੇ ਉਸ ਵਿਅਕਤੀ ਦਾ ਪਤਾ ਲਗਾਇਆ ਜਿਸਨੂੰ ਘਟਨਾ ਸਥਾਨ 'ਤੇ ਮ੍ਰਿਤਕ ਐਲਾਨ ਦਿੱਤਾ ਗਿਆ ਸੀ।

ਪ੍ਰਿੰਸ ਅਲਬਰਟ ਪੁਲਿਸ ਆਪਰਾਧਿਕ ਜਾਂਚ ਭਾਗ ਅਤੇ ਫੋਰੈਂਸਿਕ ਪਹਿਚਾਣ ਅਨੁਭਾਗ ਵਿਅਕਤੀ ਦੀ ਮੌਤ ਦਾ ਕਾਰਨ ਪਤਾ ਕਰਨ ਲਈ ਸਸਕੇਚੇਵਾਨ ਕੋਰੋਨਰ ਦਫ਼ਤਰ ਨਾਲ ਕੰਮ ਕਰ ਰਹੀ ਹੈ। ਮੰਗਲਵਾਰ ਨੂੰ ਸਾਸਕਾਟੂਨ ਵਿੱਚ ਲਾਸ਼ ਦਾ ਪੋਸਟਮਾਰਟਮ ਹੋਵੇਗਾ। ਪੁਲਿਸ ਨੇ ਕਿਹਾ ਹੈ ਕਿ ਜਾਂਚ ਅੱਗੇ ਵਧਣ 'ਤੇ ਅੱਗੇ ਦੀ ਜਾਣਕਾਰੀ ਦਿੱਤੀ ਜਾਵੇਗੀ।

## ਯੂਕਰੇਨ ਦਾ 150 ਤੋਂ ਵੱਧ ਡਰੋਨਾਂ ਨਾਲ ਰੂਸ 'ਤੇ ਹਮਲਾ, ਤੇਲ ਰਿਫਾਇਨਰੀ 'ਤੇ ਹਮਲਾ



ਕੀਵ, 2 ਸਤੰਬਰ (ਪੋਸਟ ਬਿਊਰੋ): ਯੂਕਰੇਨ ਨੇ ਸ਼ਨੀਵਾਰ ਰਾਤ ਨੂੰ 150 ਤੋਂ ਜ਼ਿਆਦਾ ਡਰੋਨਾਂ ਨਾਲ ਰੂਸ 'ਤੇ ਹਮਲਾ ਕੀਤਾ। ਢਾਈ ਸਾਲ ਤੋਂ ਚੱਲੀ ਰੂਸ-ਯੂਕਰੇਨ ਜੰਗ 'ਚ ਪਹਿਲੀ ਵਾਰ ਯੂਕਰੇਨ ਨੇ ਇਨੀ ਵੱਡੀ ਗਿਣਤੀ 'ਚ ਡਰੋਨ ਨਾਲ ਰੂਸ 'ਤੇ ਹਮਲਾ ਕੀਤਾ ਹੈ। ਯੂਕਰੇਨ ਨੇ ਰੂਸ ਦੀ ਰਾਜਧਾਨੀ ਮਾਸਕੋ 'ਤੇ ਡਰੋਨ ਹਮਲੇ ਵੀ ਕੀਤੇ।

ਮਾਸਕੋ ਦੇ ਮੇਅਰ ਸਰਗੇਈ ਸੋਬਯਾਨਿਨ ਮੁਤਾਬਕ ਸ਼ਹਿਰ 'ਤੇ 11 ਡਰੋਨਾਂ ਨਾਲ ਹਮਲਾ ਕੀਤਾ ਗਿਆ। ਇਨ੍ਹਾਂ ਹਮਲਿਆਂ ਵਿੱਚ ਇੱਕ ਤੇਲ ਸੋਧਕ ਕਾਰਖਾਨੇ ਅਤੇ ਇੱਕ ਤਕਨੀਕੀ ਕਮਰੇ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਤੇਲ ਸੋਧਕ ਕਾਰਖਾਨੇ 'ਤੇ ਹਮਲੇ ਤੋਂ ਬਾਅਦ ਧਮਾਕਾ ਹੋਇਆ ਸੀ। ਇਸ ਤੋਂ ਬਾਅਦ ਸੰਘਣਾ ਧੂੰਆਂ ਉੱਠਦਾ ਦੇਖਿਆ ਗਿਆ।

ਰੂਸੀ ਅਧਿਕਾਰੀਆਂ ਮੁਤਾਬਕ ਯੂਕਰੇਨ ਨੇ 15 ਸੂਬਿਆਂ 'ਤੇ 158 ਡਰੋਨਾਂ ਨਾਲ ਹਮਲਾ ਕੀਤਾ। ਉਨ੍ਹਾਂ ਨੇ ਕਿਹਾ ਕਿ ਰੂਸੀ ਹਵਾਈ ਰੱਖਿਆ ਨੇ ਰੋਕਿਆ ਅਤੇ ਲਗਭਗ ਸਾਰੇ ਡਰੋਨਾਂ ਨੂੰ ਗੋਲੀ ਮਾਰ ਦਿੱਤੀ। ਇਸ ਹਮਲੇ ਵਿੱਚ ਕਿਸੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਹਾਲੇ ਤੱਕ ਯੂਕਰੇਨ ਨੇ ਹਮਲੇ ਨੂੰ ਲੈ ਕੇ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਹੈ।

MagGas Medical Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd
Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598



## ਅੱਜ ਨਾਮਾ

ਬੁਲਡੋਜ਼ਰ ਮੁੱਦੇ ਦੀ ਅੱਜ ਜਾਂ ਬਾਤ ਚੱਲੀ,
ਸਿਖਰਲੀ ਕੋਰਟ ਆ ਕੌੜ ਮਨਾਈ ਬੇਲੀ।
ਲੱਗਦਾ ਦੋਸ਼ ਤਾਂ ਕੇਸ ਨਹੀਂ ਅਜੇ ਤੁਰਦਾ,
ਬੁਲਡੋਜ਼ਰ ਆਂਵਦਾ ਕਰਨ ਚੜ੍ਹਾਈ ਬੇਲੀ।
ਆਊ ਫੈਸਲਾ ਬੇਸ਼ੱਕ ਕੁਝ ਵਕਤ ਲਾ ਕੇ,
ਹੋਈ ਆ ਸ਼ੁਰੂ ਦੀ ਅਜੇ ਸੁਣਵਾਈ ਬੇਲੀ।
ਮਨਾਂ ਦੀ ਕੌੜ ਕੋਈ ਜੱਜਾਂ ਛੁਪਾਈ ਨਾਹੀਂ,
ਕਾਫੀ ਸਿਸਟਮ ਨੂੰ ਝਾੜ ਆ ਪਾਈ ਬੇਲੀ।
ਰਹਿਣ ਜੇ ਨਿਯਮ ਕਿਤਾਬਾਂ ਦੇ ਵਿੱਚ ਠੱਪੇ,
ਧੱਕਾ-ਧਮਕੀਆਂ ਲਾਗੂ ਕੋਈ ਕਰੀ ਜਾਊ।
ਜਿਹੜੀ ਜੜ੍ਹਾਂ ਵਿੱਚ ਦੇਸ਼ ਦੇ ਬੈਠ ਸਕਦੀ,
ਨਫਰਤ ਲੋਕਾਂ ਦੇ ਵਿੱਚ ਫਿਰ ਭਰੀ ਜਾਊ।

**ਤੀਸ ਮਾਰ ਖਾਂ**

# ਰੂਸ ਦੀ ਜਾਸੂਸ ਮੰਨੀ ਜਾਂਦੀ ਵ੍ਹੇਲ ਮੱਛੀ ਦੀ ਹੋਈ ਮੌਤ



ਮਾਸਕੋ, 2 ਸਤੰਬਰ (ਪੋਸਟ ਬਿਊਰੋ): ਰੂਸੀ ਜਾਸੂਸ ਮੰਨੀ ਜਾਂਦੀ ਚਿੱਟੀ ਬੇਲੂਗਾ ਵ੍ਹੇਲ 'ਹਵਾਲਦੀਮੀਰ' ਦੀ ਮੌਤ ਹੋ ਗਈ ਹੈ। ਜਾਣਕਾਰੀ ਮੁਤਾਬਕ 31 ਅਗਸਤ ਨੂੰ ਨਾਰਵੇ ਦੀ ਰਿਸਾਵਿਕਾ ਖਾੜੀ ਵਿੱਚ ਮੱਛੀਆਂ ਫੜ੍ਹਨ ਗਏ ਪਿਤਾ-ਪੁੱਤਰ ਨੂੰ ਵ੍ਹੇਲ ਮੱਛੀ ਦੀ ਲਾਸ਼ ਤੈਰਦੀ ਹੋਈ ਮਿਲੀ।

ਇਸ 14 ਫੁੱਟ ਲੰਬੀ ਵ੍ਹੇਲ ਦੀ ਉਮਰ ਕਰੀਬ 15 ਸਾਲ ਸੀ। ਭਾਰ 1,225 ਕਿਲੋਗ੍ਰਾਮ ਸੀ। ਇਸ ਦੀ ਲਾਸ਼ ਨੂੰ ਕਰੇਨ ਨਾਲ ਬਾਹਰ ਕੱਢਿਆ ਗਿਆ। ਮੌਤ ਦੇ ਕਾਰਨਾਂ ਦਾ ਹਾਲੇ ਤੱਕ ਪਤਾ ਨਹੀਂ ਲੱਗ ਸਕਿਆ ਹੈ ਪਰ ਸ਼ੱਕ ਹੈ ਕਿ ਮੌਤ ਕਿਸੇ ਵੱਡੀ ਕਿਸ਼ਤੀ ਨਾਲ ਟਕਰਾਉਣ ਕਾਰਨ ਹੋਈ ਹੋ ਸਕਦੀ ਹੈ। ਹਾਲਾਂਕਿ ਉਸ ਦੇ ਸਰੀਰ 'ਤੇ ਸੱਟ ਦੇ ਕੋਈ ਨਿਸ਼ਾਨ ਨਹੀਂ ਮਿਲਆ ਹੈ।

ਹਵਾਲਾਦੀਮੀਰ ਵ੍ਹੇਲ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਦੁਨੀਆਂ ਨੂੰ ਇਸ ਬਾਰੇ ਪਹਿਲੀ ਵਾਰ 2019 'ਚ ਪਤਾ ਲੱਗਾ। ਇਹ ਰੂਸ ਤੋਂ 415 ਕਿਲੋਮੀਟਰ ਦੂਰ ਨਾਰਵੇ ਦੇ ਇੰਗੋਆ ਟਾਪੂ ਦੇ ਤੱਟ 'ਤੇ ਦੇਖਿਆ ਗਿਆ ਸੀ। ਬੇਲੂਗਾ ਵ੍ਹੇਲ ਇਸ ਖੇਤਰ ਵਿਚ ਨਹੀਂ ਮਿਲਦੀ, ਇਸ ਲਈ ਇਸ 'ਤੇ ਨਜ਼ਰ ਰੱਖੀ ਜਾਣ ਲੱਗੀ।

ਵ੍ਹੇਲ ਦੀ ਨੇੜਿਓਂ ਜਾਂਚ ਕਰਨ 'ਤੇ, ਇਸ ਦੀ ਗਰਦਨ ਦੁਆਲੇ ਇੱਕ ਪੱਟਾ ਦੇਖਿਆ ਗਿਆ। ਕੈਮਰਿਆਂ ਦੇ ਨਾਲ-ਨਾਲ ਮਸ਼ੀਨਾਂ ਵੀ ਸਰੀਰ 'ਤੇ ਲਗਾਈਆਂ ਗਈਆਂ ਸਨ, ਜਿਨ੍ਹਾਂ 'ਤੇ ਰੂਸੀ ਸ਼ਹਿਰ ਸੇਂਟ ਪੀਟਰਸਬਰਗ ਦਾ ਨਾਂ ਲਿਖਿਆ ਹੋਇਆ ਸੀ। ਰੂਸੀ ਜਲ ਸੈਨਾ ਵ੍ਹੇਲ ਨੂੰ ਸਿਖਲਾਈ ਦੇਣ ਲਈ ਜਾਣੀ ਜਾਂਦੀ ਹੈ। ਇਹੀ ਕਾਰਨ ਹੈ ਕਿ ਇਸ ਨੂੰ ਰੂਸ ਦੀ ਜਾਸੂਸੀ ਵ੍ਹੇਲ ਮੰਨਿਆ ਜਾਣ ਲੱਗਾ।

ਮੀਡੀਆ ਵਿਚ ਹਵਾਲਾਦੀਮੀਰ ਬਾਰੇ ਦਾਅਵਾ ਕੀਤਾ ਗਿਆ ਸੀ ਕਿ ਇਹ ਜਾਨਵਰਾਂ ਨੂੰ ਜਾਸੂਸ ਬਣਾਉਣ ਲਈ ਇੱਕ ਰੂਸੀ ਪ੍ਰੋਜੈਕਟ ਦਾ ਹਿੱਸਾ ਸੀ। ਹਾਲਾਂਕਿ ਰੂਸ ਨੇ ਇਸ ਨੂੰ ਕਦੇ ਸਵੀਕਾਰ ਨਹੀਂ ਕੀਤਾ। ਵ੍ਹੇਲ ਨੂੰ ਨਾਰਵੇ ਵਿੱਚ ਕਿਹਾ ਜਾਂਦਾ ਹੈ। ਇਸ ਤੋਂ ਬਾਅਦ ਵ੍ਹੇਲ ਅਤੇ ਰੂਸੀ ਰਾਸ਼ਟਰਪਤੀ ਦੇ ਨਾਂ ਜੋੜ ਕੇ ਸੋਸ਼ਲ ਮੀਡੀਆ 'ਤੇ ਇਸ ਨੂੰ ਵਲਾਦੀਮੀਰ ਸਪਾਈ ਵ੍ਹੇਲ ਕਿਹਾ ਜਾਣ ਲੱਗਾ।

## ਖੁੱਡੀਆਂ ਵੱਲੋਂ ਕਿਸਾਨ-ਮਜ਼ਦੂਰ ਯੂਨੀਅਨ ਨਾਲ ਮੁਲਾਕਾਤ, ਪੰਜਾਬ ਸਰਕਾਰ ਵੱਲੋਂ ਪੂਰਨ ਸਹਿਯੋਗ ਦਾ ਦਿੱਤਾ ਭਰੋਸਾ



ਚੰਡੀਗੜ੍ਹ, 2 ਸਤੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬੀਕੇਯੂ (ਉਗਰਾਹਾਂ) ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ (ਪੀ.ਕੇ.ਐਮ.ਯੂ.) ਦੇ ਬੈਨਰ ਹੇਠ ਇੱਥੇ ਮਟਕਾ ਚੌਕ ਵਿਖੇ ਇਕੱਤਰ ਹੋਏ ਕਿਸਾਨਾਂ ਨਾਲ ਅੱਜ ਸ਼ਾਮ ਨੂੰ ਮੁਲਾਕਾਤ ਕੀਤੀ। ਖੇਤੀਬਾੜੀ ਮੰਤਰੀ ਨੇ ਕਿਸਾਨਾਂ ਤੋਂ ਮੰਗ ਪੱਤਰ ਪ੍ਰਾਪਤ ਕੀਤਾ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਭਲਾਈ ਸੂਬਾ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ।

ਸੂਬੇ ਦੇ ਕਿਸਾਨਾਂ ਦੇ ਹਿੱਤਾਂ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਮੰਗਾਂ ਨੂੰ ਮੁੱਖ ਮੰਤਰੀ ਨਾਲ ਹਮਦਰਦੀ ਤੇ ਸੁਹਿਰਦਤਾ ਨਾਲ ਵਿਚਾਰਿਆ ਜਾਵੇਗਾ। ਖੇਤੀਬਾੜੀ ਮੰਤਰੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਕਿਸਾਨਾਂ ਨਾਲ ਗੱਲਬਾਤ ਕਰਨ, ਉਨ੍ਹਾਂ ਦੇ ਵਿਚਾਰਾਂ ਨੂੰ ਸੁਣਨ ਅਤੇ ਉਨ੍ਹਾਂ ਦੇ ਮੁੱਦਿਆਂ ਅਤੇ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਵਾਲੀ ਪਹੁੰਚ ਉੱਤੇ ਜ਼ੋਰ ਦਿੰਦਿਆਂ ਕਿਸਾਨਾਂ ਨੂੰ ਗੱਲਬਾਤ ਦਾ ਸੱਦਾ ਦਿੱਤਾ।

ਗੁਰਮੀਤ ਸਿੰਘ ਖੁੱਡੀਆਂ ਨੇ ਇੱਥੋਂ ਜਾਰੀ ਪ੍ਰੈਸ ਬਿਆਨ ਵਿੱਚ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਸਮਰਪਿਤ ਹੈ, ਕਿਉਂਕਿ ਕਿਸਾਨ ਨਾ ਕੇਵਲ ਸਾਡੇ ਅੰਨਦਾਤਾ ਹਨ ਸਗੋਂ ਸੂਬੇ ਦੀ ਆਰਥਿਕਤਾ ਦਾ ਧੁਰਾ ਵੀ ਹਨ।"

# ਜ਼ਿਲ੍ਹੇ ਦੇ ਸਮੂਹ ਸਕੂਲਾਂ ਵਿੱਚ 15 ਸਤੰਬਰ ਤੱਕ ਮਨਾਇਆ ਜਾਏਗਾ ਸਵੱਛਤਾ ਪਖਵਾੜਾ

ਫਿਰੋਜ਼ਪੁਰ, 2 ਸਤੰਬਰ (ਗਿਆਨ ਸਿੰਘ): ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਾਰੇ ਸਰਕਾਰੀ, ਪ੍ਰਾਈਵੇਟ ਅਤੇ ਏਡਿਡ ਸਕੂਲਾਂ ਵਿੱਚ ਸਵੱਛਤਾ ਪਖਵਾੜਾ ਇੱਕ ਸਤੰਬਰ ਤੋਂ 15 ਸਤੰਬਰ ਤੱਕ ਮਨਾਇਆ ਜਾ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ) ਮੁਨੀਲਾ ਅਰੋੜਾ, ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਸ੍ਰੀਮਤੀ ਸੁਨੀਤਾ ਰਾਣੀ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਡਾ. ਸਤਿੰਦਰ ਸਿੰਘ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਕੋਮਲ ਅਰੋੜਾ ਨੇ ਦੱਸਿਆ ਕਿ ਸਵੱਛਤਾ ਪਖਵਾੜਾ ਵਿਦਿਆਰਥੀਆਂ, ਅਧਿਆਪਕਾਂ ਅਤੇ ਕਮਿਊਨਿਟੀ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਬਣਾਇਆ ਜਾਂਦਾ ਹੈ। ਜਿਸ ਦਾ ਉਦੇਸ਼ ਸਕੂਲਾਂ ਵਿੱਚ ਸਫਾਈ ਅਤੇ ਸਵੱਛਤਾ ਨੂੰ ਲੰਮੇ ਸਮੇਂ ਤੱਕ ਬਣਾਈ ਰੱਖਣਾ ਹੈ। ਸਵੱਛਤਾ ਪਖਵਾੜਾ ਮਨਾਉਣ ਲਈ ਭਾਰਤ ਸਰਕਾਰ ਵੱਲੋਂ ਐਕਸ਼ਨ ਪਲਾਨ ਤਿਆਰ ਕੀਤਾ ਗਿਆ ਹੈ, ਜਿਸ ਅਨੁਸਾਰ 15 ਸਤੰਬਰ ਤੱਕ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ ਵਿੱਚ 01 ਸਤੰਬਰ 2024 ਨੂੰ ਸਵੱਛਤਾ ਸਹੁੰ ਚੁੱਕ ਦਿਵਸ ਮਨਾਇਆ ਗਿਆ। ਉਨ੍ਹਾਂ ਦੱਸਿਆ ਕਿ 2 ਅਤੇ 3 ਸਤੰਬਰ ਨੂੰ ਸਵੱਛਤਾ ਜਾਗਰੂਕਤਾ ਦਿਵਸ, 4 ਅਤੇ 5 ਸਤੰਬਰ ਨੂੰ ਭਾਈਚਾਰਕ ਪਹੁੰਚ ਦਿਵਸ, 6 ਸਤੰਬਰ ਨੂੰ ਹਰਿਆ ਭਰਿਆ ਸਕੂਲ ਅਭਿਆਨ 7 ਅਤੇ 8 ਸਤੰਬਰ ਨੂੰ ਸਵੱਛਤਾ ਭਾਗੀਦਾਰੀ ਦਿਵਸ, 9 ਅਤੇ 10 ਸਤੰਬਰ ਨੂੰ ਹੱਥ ਧੋਣ ਦਿਵਸ, 11 ਸਤੰਬਰ ਨੂੰ ਨਿੱਜੀ ਸਫਾਈ ਦਿਵਸ, 12 ਸਤੰਬਰ ਨੂੰ ਸਵੱਛਤਾ ਸਕੂਲ ਦਰਸ਼ਨੀ ਦਿਵਸ, 13 ਅਤੇ 14 ਸਤੰਬਰ ਨੂੰ ਸਵਸਤਾ ਕਾਰਜ ਯੋਜਨਾ ਦਿਵਸ ਅਤੇ 15 ਸਤੰਬਰ ਨੂੰ ਇਨਾਮ ਵੰਡ ਸਮਾਰੋਹ ਕਰਵਾਇਆ ਜਾਏਗਾ।

ਇਸ ਮੌਕੇ ਉਨ੍ਹਾਂ ਹਦਾਇਤ ਕੀਤੀ ਕਿ ਸਮੂਹ ਸਰਕਾਰੀ, ਏਡਿਡ ਅਤੇ ਪ੍ਰਾਈਵੇਟ ਸਕੂਲ ਇਹ ਸਵੱਛਤਾ ਪਖਵਾੜਾ ਮਨਾਉਣਾ ਯਕੀਨੀ ਬਣਾਉਣ ਅਤੇ ਸਵੱਛਤਾ ਪਖਵਾੜੇ ਵਿੱਚ ਵਿਦਿਆਰਥੀਆਂ, ਅਧਿਆਪਕਾਂ, ਮਾਪਿਆਂ ਅਤੇ ਸਥਾਨਕ ਲੋਕਾਂ ਆਦਿ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਕਿ ਸਵੱਛਤਾ ਪਖਵਾੜੇ ਵਿੱਚ ਗਤੀਵਿਧੀ ਵਾਈਜ ਭਾਗ ਲੈਣ ਵਾਲੇ ਸਕੂਲਾਂ ਅਤੇ ਵਿਦਿਆਰਥੀਆਂ ਸਬੰਧੀ ਰੋਜ਼ਾਨਾ ਕੋਈ ਨਾ ਕੋਈ ਗਤੀਵਿਧੀ ਕੀਤੀ ਜਾਵੇ ਅਤੇ ਇਸ ਦੀ ਫੋਟੋ ਅਤੇ ਵੀਡੀਓ ਨੂੰ ਦਫਤਰ ਦੇ ਪੱਤਰ ਰਾਹੀਂ ਦੱਸੇ ਗਏ ਗਰੁੱਪ ਵਿੱਚ ਅਪਲੋਡ ਕਰਨਾ ਯਕੀਨੀ ਬਣਾਇਆ ਜਾਵੇ।

## ਡਿਪਟੀ ਕਮਿਸ਼ਨਰ ਨੇ ਸ਼ਹਿਰ ਦੇ ਵੱਖ-ਵੱਖ ਪਾਰਕਾਂ, ਖੇਡ ਸਟੇਡੀਅਮ ਦਾ ਲਿਆ ਜਾਇਜ਼ਾ



ਸ਼੍ਰੀ ਮੁਕਤਸਰ ਸਾਹਿਬ, 2 ਸਤੰਬਰ (ਗਿਆਨ ਸਿੰਘ): ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ ਨੇ ਸ੍ਰੀ ਮੁਕਤਸਰ ਸਾਹਿਬ ਵਿਖੇ ਸਥਿਤ ਗੁਰੂ ਗੋਬਿੰਦ ਸਿੰਘ ਪਾਰਕ, ਮਾਤਾ ਭਾਗ ਕੌਰ ਯਾਦਗਾਰੀ ਪਾਰਕ, ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਅਤੇ ਸਥਾਨਕ ਵਾਟਰ ਵਰਕਸ ਦੀਆਂ ਡਿੱਗੀਆਂ ਦਾ ਅਚਨਚੇਤ ਦੌਰਾ ਕਰਕੇ ਜਾਇਜਾ ਲਿਆ।

ਡਿਪਟੀ ਕਮਿਸ਼ਨਰ ਨੇ ਆਪਣੇ ਦੌਰੇ ਦੌਰਾਨ ਗੁਰੂ ਗੋਬਿੰਦ ਸਿੰਘ ਪਾਰਕ ਵਿੱਚ ਸੈਰ ਕਰਨ ਆਏ ਵਿਅਕਤੀਆਂ ਨਾਲ ਗੱਲਬਾਤ ਕਰਦਿਆਂ ਗਿਆ ਕਿ ਇਸ ਪਾਰਕ ਦੀ ਸੁੰਦਰਤਾ ਨੂੰ ਵਧਾਉਣ ਲਈ ਕੋਈ ਕਮੀ ਨਹੀਂ ਛੱਡੀ ਜਾਵੇਗੀ ਅਤੇ ਪਖਾਨਿਆਂ,ਸੈਰ ਕਰਨ ਲਈ ਟਰੈਕ ਨੂੰ ਉਚਾਂ ਚੁੱਕਣ ਅਤੇ ਬੱਚਿਆਂ ਲਈ ਝੂਲਿਆਂ ਦਾ ਨਵੀਨੀਕਰਨ ਜਲਦੀ ਕੀਤਾ ਜਾਵੇਗਾ।

ਮਾਤਾ ਭਾਗ ਕੌਰ ਯਾਦਗਾਰੀ ਪਾਰਕ ਦਾ ਜਾਇਜਾ ਲੈਂਦਿਆਂ ਉਹਨਾਂ ਕਾਰਜ ਸਾਧਕ ਅਫਸਰ ਨੂੰ ਕਿਹਾ ਕਿ ਇਸ ਪਾਰਕ ਵਿੱਚ ਸਫਾਈ ਵੱਲ ਉਚੇਚਾ ਧਿਆਨ ਦਿੱਤਾ ਜਾਵੇ ਅਤੇ ਇਸ ਸਬੰਧੀ ਰਿਪੋਰਟ ਉਹਨਾਂ ਦੇ ਦਫਤਰ ਵਿਖੇ ਜਮ੍ਹਾਂ ਕਰਵਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਖੇਡ ਸਟੇਡੀਅਮ ਅਤੇ ਵਾਟਰ ਵਰਕਸ ਦੀ ਸਫਾਈ ਦਾ ਜਾਇਜ ਲੈਂਦਿਆਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇੱਥੇ ਸਾਫ ਸਫਾਈ ਵੱਲ ਉਚੇਚਾ ਧਿਆਨ ਦਿੱਤਾ ਜਾਵੇ ਅਤੇ ਸ਼ਹਿਰ ਦੀ ਸੁੰਦਰਤਾ ਵਿੱਚ ਵਾਧਾ ਕੀਤਾ ਜਾਵੇ।

## ਪੀ.ਐੱਸ.ਪੀ.ਸੀ.ਐੱਲ. ਦਾ ਸਹਾਇਕ ਲਾਈਨਮੈਨ 10,000 ਰੁਪਏ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, 2 ਸਤੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਜ਼ਿਲਾ ਮੋਗਾ ਦੇ ਪਿੰਡ ਡਗਰੂ ਸਥਿਤ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਦਫ਼ਤਰ ਵਿੱਚ ਤਾਇਨਾਤ ਸਹਾਇਕ ਲਾਈਨਮੈਨ (ਏ.ਐਲ.ਐਮ.) ਸੋਮ ਨਾਥ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਇਹ ਖੁਲਾਸਾ ਕਰਦਿਆਂ ਦੱਸਿਆ ਕਿ ਇਹ ਗ੍ਰਿਫਤਾਰੀ ਮੋਗਾ ਜ਼ਿਲ੍ਹੇ ਦੇ ਪਿੰਡ ਦੌਧਰ ਦੇ ਵਸਨੀਕ ਜਗਦੀਪ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਕੀਤੀ ਗਈ ਹੈ। ਸ਼ਿਕਾਇਤ ਅਨੁਸਾਰ ਜਗਦੀਪ ਸਿੰਘ ਅਤੇ ਉਸ ਦੇ ਸਾਥੀ ਪਿੰਡ ਡਗਰੂ ਅਤੇ ਨਿਧਾਂਵਾਲਾ ਵਿੱਚ ਦੋ ਢਾਬੇ ਚਲਾ ਰਹੇ ਹਨ, ਜਿੱਥੇ ਉਨ੍ਹਾਂ ਦੇ ਕੁੱਲ 1.50 ਲੱਖ ਰੁਪਏ ਦੇ ਬਿਜਲੀ ਬਿੱਲ ਬਕਾਇਆ ਸਨ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਪਿਛਲੇ ਦਿਨੀ ਉਨ੍ਹਾਂ ਦੇ ਢਾਬੇ ਉਤੇ ਆ ਕੇ ਪੀਐਸਪੀਸੀਐਲ ਡਗਰੂ ਦੇ ਉਪ ਮੰਡਲ ਅਫਸਰ (ਐਸਡੀਓ) ਜਰਨੈਲ ਸਿੰਘ ਨੇ ਉਕਤ ਏਐਲਐਮ ਸੋਮ ਨਾਥ ਨਾਲ ਮਿਲ ਕੇ ਬਕਾਇਆ ਬਿੱਲਾਂ ਦੀ ਕਿਸ਼ਤਾਂ ਵਿੱਚ ਅਦਾਇਗੀ ਕਰਨ ਲਈ 10,000 ਰੁਪਏ ਦੀ ਰਿਸ਼ਵਤ ਲਈ ਸੀ।

ਸ਼ਿਕਾਇਤਕਰਤਾ ਨੇ ਦੱਸਿਆ ਕਿ ਏਐਲਐਮ ਸੋਮ ਨਾਥ ਨੇ ਬਾਅਦ ਵਿੱਚ ਫਿਰ ਢਾਬੇ 'ਤੇ ਆ ਕੇ ਬਿਜਲੀ ਸਪਲਾਈ ਕੱਟ ਦਿੱਤੀ ਅਤੇ 1,000 ਰੁਪਏ ਦੀ ਰਿਸ਼ਵਤ ਲੈਣ ਤੋਂ ਬਾਅਦ ਹੀ ਇਸ ਨੂੰ ਦੁਬਾਰਾ ਜੋੜਿਆ ਅਤੇ ਕਿਹਾ ਕਿ ਬਕਾਇਆ ਬਿੱਲਾਂ ਨੂੰ ਤੁਰੰਤ ਭਰਿਆ ਜਾਵੇ। ਜਦੋਂ ਸ਼ਿਕਾਇਤਕਰਤਾ ਨੇ ਕਿਸ਼ਤਾਂ ਵਿੱਚ ਭੁਗਤਾਨ ਕਰਨ ਦੇ ਬਦਲ ਦੀ ਬੇਨਤੀ ਕੀਤੀ, ਤਾਂ ਏਐਲਐਮ ਸੋਮ ਨਾਥ ਨੇ 13,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਅਤੇ ਕਿਹਾ ਕਿ ਇਸ ਵਿੱਚੋਂ 10,000 ਰੁਪਏ ਐਸਡੀਓ ਨੂੰ ਦਿੱਤੇ ਜਾਣਗੇ, ਜਦੋਂ ਕਿ ਉਸਨੇ ਸ਼ਿਕਾਇਤਕਰਤਾ ਤੋਂ ਖੁਦ ਲਈ 3,000 ਰੁਪਏ ਹਾਸਲ ਕਰ ਲਏ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਰਕਮ ਲੈਂਦਿਆਂ ਏਐਲਐਮ ਨਾਲ ਹੋਈ ਗੱਲਬਾਤ ਰਿਕਾਰਡ ਕਰ ਲਈ ਅਤੇ ਇਸ ਲੈਣ-ਦੇਣ ਦੇ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ।

ਬੁਲਾਰੇ ਨੇ ਦੱਸਿਆ ਕਿ ਮੁੱਢਲੀ ਪੜਤਾਲ ਕਰਨ ਉਪਰੰਤ ਵਿਜੀਲੈਂਸ ਬਿਊਰੋ ਫਿਰੋਜ਼ਪੁਰ ਰੇਂਜ ਨੇ ਜਾਲ ਵਿਛਾਇਆ, ਜਿਸ ਦੌਰਾਨ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਦੀ ਤੀਜੀ ਕਿਸ਼ਤ ਲੈਂਦਿਆਂ ਏਐਲਐਮ ਸੋਮ ਨਾਥ ਨੂੰ ਦਬੋਚ ਲਿਆ। ਇਸ ਸਬੰਧ 'ਚ ਉਕਤ ਮੁਲਜ਼ਮ ਖਿਲਾਫ ਫਿਰੋਜ਼ਪੁਰ ਰੇਂਜ ਦੇ ਵਿਜੀਲੈਂਸ ਥਾਣੇ 'ਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਬੁਲਾਰੇ ਨੇ ਅੱਗੇ ਕਿਹਾ ਕਿ ਅਗਲੇਰੀ ਜਾਂਚ ਦੌਰਾਨ ਉਕਤ ਐਸ.ਡੀ.ਓ ਜਰਨੈਲ ਸਿੰਘ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।




Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net





















# ਪੰਜਾਬੀ ਪੋਸਟ CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664




**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**






# ਪੰਜਾਬ ਦੇ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਲਈ ਪੀ.ਐਸ.ਡੀ.ਐਮ. ਵੱਲੋਂ ਰੈਨਾ ਐਜੂਕੇਸ਼ਨ ਫਾਊਂਡੇਸ਼ਨ ਨਾਲ ਸਮਝੌਤਾ ਸਹੀਬੱਧ

## 10 ਹਜ਼ਾਰ ਤੋਂ ਵੱਧ ਨੌਜਵਾਨ ਪ੍ਰਾਪਤ ਕਰਨਗੇ ਹੁਨਰ ਸਿਖਲਾਈ, ਸਿਖਰਲੇ 100 ਉਮੀਦਵਾਰਾਂ ਦੀ ਇੰਟਰਨਸ਼ਿਪ ਅਤੇ ਨੌਕਰੀ ਲਈ ਕੀਤੀ ਜਾਵੇਗੀ ਚੋਣ



ਚੰਡੀਗੜ੍ਹ, 2 ਸਤੰਬਰ (ਪੋਸਟ ਬਿਊਰੋ): ਰੋਜ਼ਗਾਰ ਦੇ ਬਦਲਦੇ ਰੁਝਾਨਾਂ ਮੁਤਾਬਕ ਪੰਜਾਬ ਦੇ ਨੌਜਵਾਨਾਂ ਦੀ ਯੋਗਤਾ ਅਤੇ ਉੱਦਮੀ ਹੁਨਰ ਨੂੰ ਹੋਰ ਹੁਲਾਰਾ ਦੇਣ ਵਾਸਤੇ ਅੱਜ ਪੰਜਾਬ ਹੁਨਰ ਵਿਕਾਸ ਮਿਸ਼ਨ (ਪੀ.ਐਸ.ਡੀ.ਐਮ) ਨੇ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਦੀ ਮੌਜੂਦਗੀ ਵਿੱਚ ਰੈਨਾ ਐਜੂਕੇਸ਼ਨ ਫਾਊਂਡੇਸ਼ਨ ਨਾਲ ਸਮਝੌਤਾ ਸਹੀਬੱਧ ਕੀਤਾ ਹੈ।

ਇਸ ਸਮਝੌਤੇ 'ਤੇ ਪੀ.ਐਸ.ਡੀ.ਐਮ. ਦੇ ਮਿਸ਼ਨ ਦੀ ਡਾਇਰੈਕਟਰ ਅੰਮ੍ਰਿਤ ਸਿੰਘ (ਆਈ.ਏ.ਐਸ.) ਅਤੇ ਤਾਲੇਰੰਗ ਦੀ ਸਹਿਯੋਗੀ ਸੰਸਥਾ ਰੈਨਾ ਐਜੂਕੇਸ਼ਨ ਫਾਊਂਡੇਸ਼ਨ ਦੀ ਮੁਖੀ ਸ਼ਵੇਤਾ ਰੈਨਾ ਨੇ ਹਸਤਾਖ਼ਰ ਕੀਤੇ। ਇਸ ਭਾਈਵਾਲੀ ਦਾ ਉਦੇਸ਼ ਰੋਜ਼ਗਾਰ ਸਬੰਧੀ ਸਿਖਲਾਈ, ਹੁਨਰ ਵਿਕਾਸ, ਇੰਟਰਨਸ਼ਿਪਸ ਅਤੇ ਨੌਕਰੀ ਦੀ ਪੇਸ਼ਕਸ਼ ਕਰਕੇ ਪੰਜਾਬ ਦੇ ਨੌਜਵਾਨਾਂ ਨੂੰ ਹੁਨਰਮੰਦ ਬਣਾਉਣਾ ਹੈ।

ਪੰਜਾਬ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਸਮੱਰਥ ਬਣਾਉਣ ਦੇ ਆਪਣੇ ਉਦੇਸ਼ ਵੱਲ ਅੱਗੇ ਵਧਣ ਲਈ ਸਮੁੱਚੇ ਵਿਭਾਗ ਦੀ ਸ਼ਲਾਘਾ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਇਹ ਭਾਈਵਾਲੀ ਪੰਜਾਬ ਵਿੱਚ ਹੁਨਰਮੰਦ ਅਤੇ ਰੋਜ਼ਗਾਰ ਯੋਗਤਾ ਵੱਲ ਅਹਿਮ ਕਦਮ ਨੂੰ ਦਰਸਾਉਂਦੀ ਹੈ, ਜੋ ਟਿਕਾਊ ਰੋਜ਼ਗਾਰ ਸੰਭਾਵਨਾਵਾਂ ਅਤੇ ਆਰਥਿਕ ਵਿਕਾਸ ਨੂੰ ਉਤਸ਼ਾਹਤ ਕਰਨ ਦੇ ਵੱਡੇ ਟੀਚੇ ਦੀ ਤਰਜ਼ 'ਤੇ ਹੈ। ਉਨ੍ਹਾਂ ਕਿਹਾ ਕਿ ਵਿਭਾਗ ਸੂਬੇ ਦੇ ਨੌਜਵਾਨਾਂ ਲਈ ਨੌਕਰੀਆਂ ਦੇ ਮੌਕੇ ਪ੍ਰਦਾਨ ਕਰਨ ਅਤੇ ਉਨ੍ਹਾਂ ਨੂੰ ਭਵਿੱਖੀ ਰੋਜ਼ਗਾਰ ਲਈ ਤਿਆਰ ਕਰਨ ਵਾਸਤੇ ਸਰਗਰਮੀ ਨਾਲ ਕੰਮ ਕਰ ਰਿਹਾ ਹੈ।

ਇਸ ਭਾਈਵਾਲੀ ਬਾਰੇ ਵਿਸਥਾਰ ਵਿੱਚ ਦੱਸਦਿਆਂ ਮਿਸ਼ਨ ਦੀ ਡਾਇਰੈਕਟਰ ਅੰਮ੍ਰਿਤ ਸਿੰਘ ਨੇ ਦੱਸਿਆ ਕਿ ਇਸ ਪਹਿਲਕਦਮੀ ਨੂੰ ਆਨਲਾਈਨ ਅਤੇ ਆਫ਼ਲਾਈਨ ਢੰਗ ਨਾਲ ਇੱਕ ਹਾਈਬ੍ਰਿਡ ਮਾਡਲ ਰਾਹੀਂ ਲਾਗੂ ਕੀਤਾ ਜਾਵੇਗਾ, ਜਿਸ ਵਿੱਚ ਹਿੱਸਾ ਲੈਣ ਵਾਲਿਆਂ ਲਈ ਕੋਈ ਫ਼ੀਸ ਨਹੀਂ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸ਼ੁਰੂਆਤੀ ਤੌਰ 'ਤੇ 10,000 ਯੋਗ ਉਮੀਦਵਾਰਾਂ ਦੇ ਸਮੂਹ ਵਿੱਚੋਂ ਸਿਖਰਲੇ 1,000 ਉਮੀਦਵਾਰਾਂ ਦੀ ਚੋਣ ਸਮੂਹ ਦੇ ਸਲਾਹਕਾਰ ਅਤੇ ਸਿਖਲਾਈਕਰਤਾ ਵਜੋਂ ਕੀਤੀ ਜਾਵੇਗੀ। ਇਨ੍ਹਾਂ ਵਿੱਚੋਂ ਸਿਖਰਲੇ 500 ਉਮੀਦਵਾਰ ਇੱਕ ਆਨਲਾਈਨ ਪਲੇਟਫਾਰਮ ਅਤੇ ਮੁਲਾਂਕਣ ਸਾਧਨਾਂ ਤੱਕ ਪਹੁੰਚ ਕਰ ਸਕਣਗੇ, ਜਿਸ ਵਿੱਚੋਂ ਸਿਖਰਲੇ 100 ਉਮੀਦਵਾਰ ਇੰਟਰਨਸ਼ਿਪ ਅਤੇ ਪਲੇਸਮੈਂਟ ਲਈ ਚੁਣੇ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਪ੍ਰਾਜੈਕਟ ਦਾ ਉਦੇਸ਼ ਉਨ੍ਹਾਂ ਦੇ ਚੁਣੇ ਹੋਏ ਹੁਨਰ ਖੇਤਰਾਂ ਵਿੱਚ ਵਿਹਾਰਕ ਅਨੁਭਵ ਲਈ ਮਾਈਕਰੋ-ਇੰਟਰਨਸ਼ਿਪ ਪ੍ਰਦਾਨ ਕਰਨਾ, ਵਿਅਕਤੀਗਤ ਸਲਾਹ ਦੇਣਾ ਜਿਵੇਂ ਵਨ-ਟੂ-ਵਨ ਮੌਕ ਇੰਟਰਵਿਊ ਤੇ ਫੀਡਬੈਕ ਅਤੇ ਐਪ ਜ਼ਰੀਏ ਨਿਰੰਤਰ ਸਹਾਇਤਾ ਪ੍ਰਦਾਨ ਕਰਨਾ ਹੈ।

ਪੀ.ਐੱਸ.ਡੀ.ਐੱਮ. ਅਤੇ ਰੈਨਾ ਐਜੂਕੇਸ਼ਨ ਫਾਊਂਡੇਸ਼ਨ ਦਰਮਿਆਨ ਭਾਈਵਾਲੀ ਬਾਰੇ ਹੋਰ ਜਾਣਕਾਰੀ ਦਿੰਦਿਆਂ ਅੰਮ੍ਰਿਤ ਸਿੰਘ ਨੇ ਕਿਹਾ ਕਿ ਇਹ ਸਾਂਝਾ ਯਤਨ ਉਮੀਦਵਾਰਾਂ ਨੂੰ ਗਤੀਸ਼ੀਲ ਨੌਕਰੀ ਲਈ ਤਿਆਰ ਕਰਨ ਵਾਸਤੇ ਫਾਊਂਡੇਸ਼ਨ ਦੀ ਮੁਹ-ਾਰਤ ਦੀ ਵਰਤੋਂ ਕਰਦਿਆਂ ਮੁਲਾਂਕਣ ਅਤੇ ਸਿਖਲਾਈ ਵਿੱਚ ਅਹਿਮ ਭੂਮਿਕਾ ਨਿਭਾਏਗਾ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਪੰਜਾਬ ਦੇ ਨੌਜਵਾਨਾਂ ਦੀ ਰੋਜ਼ਗਾਰ ਯੋਗਤਾ ਅਤੇ ਉੱਦਮੀ ਹੁਨਰ ਨੂੰ ਹੁਲਾਰਾ ਦੇਣਾ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਨੌਜਵਾਨ ਉਦਯੋਗ ਦੀਆਂ ਲੋੜਾਂ ਮੁਤਾਬਕ ਹੁਨਰਮੰਦ ਬਣ ਸਕਣ ਅਤੇ ਮੌਕਿਆਂ ਦਾ ਪੂਰਾ ਲਾਭ ਲੈ ਸਕਣ।

# ਸੰਸਦ ਮੈਂਬਰ ਸੰਜੀਵ ਅਰੋੜਾ ਨੇ ਐੱਨ.ਐੱਚ.ਏ.ਆਈ. ਦੇ ਚੇਅਰਮੈਨ ਸੰਤੋਸ਼ ਕੁਮਾਰ ਯਾਦਵ ਨਾਲ ਕੀਤੀ ਮੁਲਾਕਾਤ



ਲੁਧਿਆਣਾ, 2 ਸਤੰਬਰ (ਗਿਆਨ ਸਿੰਘ): ਲੁਧਿਆਣਾ ਤੋਂ ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਨੇ ਅੱਜ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (ਐਨ.ਐਚ.ਏ.ਆਈ.) ਦੇ ਚੇਅਰਮੈਨ ਸੰਤੋਸ਼ ਕੁਮਾਰ ਯਾਦਵ ਨਾਲ ਮੁਲਾਕਾਤ ਕੀਤੀ ਅਤੇ ਲੁਧਿਆਣਾ ਵਿੱਚ ਐਨ.ਐਚ.ਏ.ਆਈ. ਪ੍ਰੋਜੈਕਟਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ।

ਮੀਟਿੰਗ ਦੌਰਾਨ ਐਮਪੀ ਅਰੋੜਾ ਨੇ ਚੇਅਰਮੈਨ ਨੂੰ ਦੱਸਿਆ ਕਿ ਦੱਖਣੀ ਬਾਈਪਾਸ ਗ੍ਰੀਨਫੀਲਡ ਹਾਈਵੇਅ ਪ੍ਰਾਜੈਕਟ ਦੇ ਨਿਰਮਾਣ ਲਈ ਲੋੜੀਂਦੀ ਜ਼ਮੀਨ ਦਾ ਇੱਕ ਵੱਡਾ ਹਿੱਸਾ, ਲਗਭਗ 92.06%, ਪਹਿਲਾਂ ਹੀ ਐਨ.ਐਚ.ਏ.ਆਈ.ਨੂੰ ਸੌਂਪਿਆ ਜਾ ਚੁੱਕਾ ਹੈ। ਚੇਅਰਮੈਨ ਨੇ ਸੰਸਦ ਮੈਂਬਰ ਨੂੰ ਦੱਸਿਆ ਕਿ 16 ਸਤੰਬਰ ਨੂੰ ਹੋਣ ਵਾਲੀ ਮੀਟਿੰਗ ਵਿੱਚ ਇਸ ਨੂੰ ਪ੍ਰਵਾਨਗੀ ਦਿੱਤੀ ਜਾਵੇਗੀ ਅਤੇ ਫਿਰ ਟੈਂਡਰ ਪ੍ਰਕਿਰਿਆ ਸ਼ੁਰੂ ਹੋਵੇਗੀ। ਇਹ ਪ੍ਰੋਜੈਕਟ ਹੁਣ ਐਨ.ਐਚ.ਏ.ਆਈ.ਦੇ ਨੈਸ਼ਨਲ ਹਾਈਵੇਅ ਓਰੀਜਨਲ (ਐਨਐਚਓ) ਦੇ ਕੰਮਾਂ ਅਧੀਨ ਲਿਆ ਜਾਵੇਗਾ।

ਅਰੋੜਾ ਨੇ ਚੇਅਰਮੈਨ ਨੂੰ ਇਹ ਵੀ ਦੱਸਿਆ ਕਿ ਲੁਧਿਆਣਾ-ਰੂਪਨਗਰ (ਰੋਪੜ) ਗ੍ਰੀਨਫੀਲਡ ਹਾਈਵੇਅ ਪ੍ਰੋਜੈਕਟ, ਪੈਕੇਜ 1 ਲਈ 30 ਕਿਲੋਮੀਟਰ ਭੂਮੀ ਗ੍ਰਹਿਣ ਪ੍ਰਕਿਰਿਆ ਪੂਰੀ ਕਰ ਲਈ ਗਈ ਹੈ ਅਤੇ ਐਨ.ਐਚ.ਏ.ਆਈ. ਨੂੰ ਸੌਂਪ ਦਿੱਤੀ ਗਈ ਹੈ। ਉਨ੍ਹਾਂ ਚੇਅਰਮੈਨ ਤੋਂ ਮੰਗ ਕੀਤੀ ਕਿ ਇਸ ਮਾਮਲੇ ਵੱਲ ਤੁਰੰਤ ਧਿਆਨ ਦਿੱਤਾ ਜਾਵੇ ਅਤੇ ਸਬੰਧਤ ਅਧਿਕਾਰੀਆਂ ਨੂੰ ਠੇਕੇਦਾਰਾਂ ਵੱਲੋਂ ਉਸਾਰੀ ਦਾ ਕੰਮ ਜਲਦੀ ਸ਼ੁਰੂ ਕਰਵਾਉਣ ਦੇ ਨਿਰਦੇਸ਼ ਦਿੱਤੇ ਜਾਣ। ਚੇਅਰਮੈਨ ਨੇ ਆਪਣੇ ਸਟਾਫ਼ ਨੂੰ ਹਦਾਇਤ ਕੀਤੀ ਕਿ ਉਹ ਠੇਕੇਦਾਰ ਜੀ.ਆਰ.ਇਨਫਰਾਪ੍ਰੋਜੈਕਟਸ ਲਿਮਟਿਡ ਨੂੰ ਤੁਰੰਤ ਕੰਮ ਸ਼ੁਰੂ ਕਰਨ ਲਈ ਕਹਿਣ, ਭਾਵੇਂ ਕਿ ਠੇਕੇ ਦਾ ਸਮਾਂ ਲੰਘ ਚੁੱਕਾ ਹੋਵੇ।

ਇਸ ਤੋਂ ਇਲਾਵਾ ਅਰੋੜਾ ਨੇ ਲੁਧਿਆਣਾ ਦੇ ਵਿਧਾਇਕ ਦਲਜੀਤ ਸਿੰਘ ਗਰੇਵਾਲ (ਭੋਲਾ) ਅਤੇ ਮਦਨ ਲਾਲ ਬੱਗਾ ਵੱਲੋਂ ਜਲੰਧਰ ਬਾਈਪਾਸ 'ਤੇ ਕਈ ਥਾਵਾਂ 'ਤੇ ਵਾਹਨ ਅੰਡਰਪਾਸ (ਵੀ.ਯੂ.ਪੀ.) ਦੇ ਨਿਰਮਾਣ ਸਬੰਧੀ ਉਠਾਏ ਮੁੱਦਿਆਂ ਨੂੰ ਉਜਾਗਰ ਕੀਤਾ, ਜਿਸ ਵਿੱਚ ਸੁਭਾਸ਼ ਨਗਰ ਤੋਂ ਸੁੰਦਰ ਨਗਰ ਚੌਕ, ਕੈਲਾਸ਼ ਨਗਰ ਚੌਕ, ਕਾਕੋਵਾਲ ਚੌਕ--ਸ਼ੇਖੇਵਾਲ, ਕਾਲੀ-ਬਿੰਦਰਾ ਕਲੋਨੀ, ਪ੍ਰਿੰਗਲ ਗਰਾਊਂਡ ਅਤੇ ਜੱਸੀਆਂ ਰੋਡ ਤੋਂ ਗੁਰੂਹਰ ਰਾਏ ਨਗਰ ਕਰਾਸਿੰਗ ਸ਼ਾਮਲ ਹਨ। ਚੇਅਰਮੈਨ ਨੇ ਆਪਣੇ ਸਟਾਫ਼ ਨੂੰ ਹਦਾਇਤ ਕੀਤੀ ਕਿ ਇਹਨਾਂ ਦਾ ਧਿਆਨ ਆਰ.ਓ. ਵੱਲੋਂ ਰੱਖਿਆ ਜਾਣਾ ਚਾਹੀਦਾ ਹੈ ਕਿਉਂਕਿ ਇਹ ਉਸਦੇ ਅਧਿਕਾਰਾਂ ਵਿੱਚ ਹਨ ਅਤੇ ਇਹਨਾਂ ਦੀ ਤੁਰੰਤ ਧਿਆਨ ਰੱਖਿਆ ਜਾਵੇ ਕਿਉਂਕਿ ਇਹ ਦੁਰਘਟਨਾਵਾਂ ਵਾਲੇ ਸਥਾਨ ਹਨ ਜਿਨ੍ਹਾਂ ਨੂੰ ਬਲੈਕ ਸਪਾਟ ਕਿਹਾ ਜਾਂਦਾ ਹੈ। ਹਾਲਾਂਕਿ ਉਨ੍ਹਾਂ ਚਿਤਾਵਨੀ ਦਿੱਤੀ ਕਿ ਉਸਾਰੀ ਦੌਰਾਨ ਲੋਕਾਂ ਨੂੰ ਭਾਰੀ ਆਵਾਜਾਈ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ।

ਅਰੋੜਾ ਨੇ ਚੇਅਰਮੈਨ ਨੂੰ ਸ਼ੇਰਪੁਰ ਚੌਕ ਤੋਂ ਢੰਡਾਰੀ ਕਲਾਂ ਵਾਲੇ ਪਾਸੇ ਤੋਂ ਏਵਨ ਸਾਈਕਲ ਤੱਕ ਸਰਵਿਸ ਰੋਡ ਦੀ ਮਾੜੀ ਹਾਲਤ ਕਾਰਨ ਆਉਣ-ਜਾਣ ਵਾਲੇ ਯਾਤਰੀਆਂ ਅਤੇ ਉਦਯੋਗਾਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵੀ ਜਾਣੂ ਕਰਵਾਇਆ। ਉਨ੍ਹਾਂ ਚੇਅਰਮੈਨ ਨੂੰ ਦੱਸਿਆ ਕਿ

ਢੰਡਾਰੀ ਪੁਲ 'ਤੇ ਅੰਡਰਪਾਸ ਤੰਗ ਹੈ ਅਤੇ ਪਾਣੀ ਭਰਨ ਕਾਰਨ ਲੰਘਣ ਯੋਗ ਨਹੀਂ ਹੈ, ਜਿਸ ਕਾਰਨ ਉਦਯੋਗਾਂ ਦੇ ਸੰਚਾਲਨ, ਪੈਦਲ ਚੱਲਣ ਵਾਲਿਆਂ ਦੀ ਆਵਾਜਾਈ ਅਤੇ ਆਲੇ-ਦੁਆਲੇ ਦੇ ਖੇਤਰ ਵਿੱਚ ਸਮੁੱਚੀ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ। ਨਵੀਨਤਮ ਤਕਨਾਲੋਜੀ ਨਾਲ ਨਵੀਂ ਡਰੇਨ ਦਾ ਠੇਕਾ ਪਹਿਲਾਂ ਹੀ ਦਿੱਤਾ ਜਾ ਚੁੱਕਾ ਹੈ ਅਤੇ ਠੇਕੇਦਾਰ 'ਤੇ ਇਸ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਲਈ ਦਬਾਅ ਪਾਇਆ ਜਾਵੇਗਾ, ਪਰ ਦਸੰਬਰ 2024 ਤੋਂ ਬਾਅਦ ਨਹੀਂ।

ਐਨ.ਐਚ.ਏ.ਆਈ. ਦੇ ਚੇਅਰਮੈਨ ਸੰਤੋਸ਼ ਕੁਮਾਰ ਯਾਦਵ ਨੇ ਅਰੋੜਾ ਵੱਲੋਂ ਉਠਾਏ ਗਏ ਸਾਰੇ ਮੁੱਦਿਆਂ ਦਾ ਨੋਟਿਸ ਲਿਆ ਅਤੇ ਮੈਂਬਰ ਟੈਕਨੀਕਲ ਆਲੋਕ ਦੀਪਾਂਕਰ ਅਤੇ ਸੀਜੀਐਮ ਪੰਜਾਬ ਪ੍ਰਸ਼ਾਂਤ ਖੋਡਸਕਰ ਨੂੰ ਉਨ੍ਹਾਂ ਦਾ ਜਲਦੀ ਤੋਂ ਜਲਦੀ ਹੱਲ ਕਰਨ ਦੇ ਨਿਰਦੇਸ਼ ਦਿੱਤੇ।

ਅਰੋੜਾ ਵੱਲੋਂ ਪੰਜਾਬ ਵਿੱਚ ਐਨ.ਐਚ.ਏ.ਆਈ. ਅਧਿਕਾਰੀਆਂ ਨਾਲ ਲਗਾਤਾਰ ਰਾਬਤਾ ਬਣਾਈ ਰੱਖਣ ਅਤੇ ਲੁਧਿਆਣਾ ਅਤੇ ਪੰਜਾਬ ਦੇ ਸੜਕੀ ਢਾਂਚੇ ਵਿੱਚ ਸੁਧਾਰ ਲਈ ਕੀਤੇ ਜਾ ਰਹੇ ਯਤਨਾਂ ਦੀ ਚੇਅਰਮੈਨ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ। ਮੀਟਿੰਗ ਦੌਰਾਨ ਅਰੋੜਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸੜਕਾਂ ਦਾ ਨਿਰਮਾਣ ਨਾ ਸਿਰਫ਼ ਸ਼ਹਿਰਾਂ ਨੂੰ ਆਪਸ ਵਿੱਚ ਜੋੜਦਾ ਹੈ ਸਗੋਂ ਇਸ ਖੇਤਰ ਦਾ ਆਰਥਿਕ ਵਿਕਾਸ ਵੀ ਹੁੰਦਾ ਹੈ। ਉਨ੍ਹਾਂ ਚੇਅਰਮੈਨ ਨੂੰ ਭਰੋਸਾ ਦਿਵ-ਾਇਆ ਕਿ ਇੱਕ ਸੰਸਦ ਮੈਂਬਰ ਹੋਣ ਦੇ ਨਾਤੇ ਉਹ ਐਨ.ਐਚ.ਏ.ਆਈ. ਪ੍ਰੋਜੈਕਟਾਂ ਨੂੰ ਲਾਗੂ ਕਰਨ ਵਿੱਚ ਮਦਦ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।

# ਡਾ.ਚੰਦਰ ਸ਼ੇਖਰ ਕੱਕੜ ਨੇ ਸਿਵਲ ਸਰਜਨ ਫਰੀਦਕੋਟ ਦਾ ਅਹੁਦਾ ਸੰਭਾਲਿਆ

## ਸਟਾਫ ਅਤੇ ਸਮਾਜਸੇਵੀ ਸੰਸਥਾਵਾਂ ਨੇ ਫੁੱਲਾਂ ਦੀ ਵਰਖਾ ਨਾਲ ਕੀਤਾ ਭਰਵਾਂ ਸਵਾਗਤ



ਫਰੀਦਕੋਟ, 2 ਸਤੰਬਰ (ਗਿਆਨ ਸਿੰਘ): ਡਾ. ਮਨਿੰਦਰ ਪਾਲ ਸਿੰਘ ਸਿਵਲ ਸਰਜਨ ਦੀ ਰਿਟਾਇਰਮੈਂਟ ਉਪਰੰਤ ਜਿਲਾ ਫਾਜ਼ਿਲਕਾ ਤੋਂ ਬਦਲੀ ਉਪਰੰਤ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਵੱਲੋਂ ਅੱਜ ਸਿਵਲ ਸਰਜਨ ਫਰੀਦਕੋਟ ਅਹੁਦਾ ਸੰਭਾਲ ਲਿਆ ਗਿਆ ਹੈ । ਇਸ ਮੌਕੇ ਉਨ੍ਹਾਂ ਦਾ ਸਿਵਲ ਸਰਜਨ ਦਫਤਰ ਫਰੀਦਕੋਟ ਦੇ ਸਮੂਹ ਸਟਾਫ, ਸਮੂਹ ਜ਼ਿਲਾ ਪ੍ਰੋਗਰਾਮ ਅਫਸਰ, ਐੱਸ.ਐੱਮ.ਓ., ਸਿਵਲ ਹਸਪਤਾਲ ਦੇ ਸਮੂਹ ਡਾਕਟਰ, ਪੈਰਾਮੈਡੀਕਲ ਅਤੇ ਦਰਜਾਚਾਰ ਸਟਾਫ ਤੋਂ ਇਲਾਵਾ ਫਰੀਦਕੋਟ ਸ਼ਹਿਰ ਦੀਆਂ ਨਾਮਵਰ ਸਮਾਜਸੇਵੀ ਸੰਸਥਾਵਾਂ ਹੈਲਥ ਫਾਰ ਆਲ ਸੁਸਾਇਟੀ, ਆਈ.ਐੱਮ.ਏ., ਪੀ.ਸੀ.ਐੱਮ.ਐੱਸ. ਐਸੋਸ਼ੀਏਸ਼ਨ, ਡਬਲਿਊ.ਐਚ.ਓ., ਰੋਟਰੀ ਕਲੱਬ, ਲਾਇਨਜ਼ ਕਲੱਬ, ਲਾਇਨਜ਼ ਕਲੱਬ (ਵਿਸ਼ਾਲ),ਸਹਾਰਾ ਕਲੱਬ, ਦੁਸਹਿਰਾ ਕਮੇਟੀ, ਮੁਸਲਿਮ ਸੇਵਾ ਸੁਸਾਇਟੀ, ਨੈਸ਼ਨਲ ਯੂਥ ਕਲੱਬ, ਸੀਨੀਅਰ ਸਿਟੀਜ਼ਨ ਅਤੇ ਪੈਨਸ਼ਨਰ ਐਸੋਸੀਏਸ਼ਨ ਆਦਿ ਦੇ ਨੁਮਾਇੰਦਿਆਂ ਵੱਲੋਂ ਗੁਲਦਸਤੇ ਅਤੇ ਫੁੱਲਾਂ ਦੇ ਹਾਰਾਂ ਨਾਲ ਭਰਵਾਂ ਸਵਾਗਤ ਕੀਤਾ ਗਿਆ ।

ਇਸ ਮੌਕੇ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਵੱਲੋਂ ਸਭਨਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵ-ਾਇਆ ਕਿ ਉਹ ਤਨੋਂ ਮਨੋਂ ਜਿਲਾ ਫਰੀਦਕੋਟ ਦੇ ਨਿਵਾਸੀਆਂ ਦੀ ਸੇਵਾ ਲਈ ਹਰ ਸਮੇਂ ਹਾਜਰ ਰਹਿਣਗੇ ਅਤੇ ਇਹ ਯਕੀਨੀ ਬਣਾਉਣਗੇ ਕਿ ਹਸਪਤਾਲ ਵਿਖੇ ਇਲਾਜ ਲਈ ਆਏ ਹਰੇਕ ਵਿਅਕਤੀ ਅਤੇ ਉਹਨਾਂ ਦੇ ਰਿਸ਼ਤੇਦਾਰਾਂ ਨੂੰ ਇਲਾਜ ਸਬੰਧੀ ਕਿਸੇ ਵੀ ਤਰਾਂ ਦੀ ਔਕੜ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਉਹਨਾਂ ਦੀ ਪਹਿਲੀ ਤਰਜੀਹ ਰਹੇਗੀ ਕਿ ਜੱਚਾ ਬੱਚਾ ਦੀਆਂ ਸਿਹਤ ਸੇਵਾਵਾਂ ਨੂੰ ਹੋਰ ਬੇਹਤਰ ਬਣਾਉਣ ਅਤੇ ਜਿਲੇ ਵਿੱਚੋਂ ਨਸ਼ਾ ਖਤਮ ਕਰਨ ਲਈ ਸਮਾਜ ਦੇ ਸਹਿਯੋਗ ਨਾਲ ਹਰ ਸੰਭਵ ਉਪਰਾਲੇ ਕੀਤੇ ਜਾਣਗੇ । ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਮਾਸ ਮੀਡੀਆ ਟੀਮ ਵੱਲੋਂ ਪਿੰਡ ਪੱਧਰ ਤੇ ਮੀਟਿੰਗਾਂ ਕਰਕੇ ਅਤੇ ਸਕੂਲਾਂ-ਕਾਲਜਾਂ ਰਾਹੀਂ ਪ੍ਰਚਾਰ ਕੀਤਾ ਜਾਵੇਗਾ। ਉਹਨਾਂ ਸਮੂਹ ਸਟਾਫ ਨੂੰ ਕਿਹਾ ਕਿ ਉਹ ਹਸਪਤਾਲ ਵਿੱਚ ਆਉਣ ਵਾਲੇ ਬਜੁਰਗਾਂ, ਮਰੀਜਾਂ ਅਤੇ ਹੋਰ ਵਿਅਕਤੀਆਂ ਨਾਲ ਨਰਮਾਈ ਵਾਲਾ ਵਤੀਰਾ ਰੱਖਣ, ਉਹਨਾਂ ਦਾ ਕੰਮ ਸਮੇਂ ਸਿਰ ਕੰਮ ਨੇਪਰੇ ਚਾੜਨ ਦੇ ਨਾਲ ਇਮਾਨਦਾਰੀ ਅਤੇ ਸਮੇਂ ਸਿਰ ਡਿਊਟੀ ਕਰਨ ਤਾਂ ਜੋ ਕਿਸੇ ਨੂੰ ਵੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਮੌਕੇ ਜ਼ਿਲ੍ਹਾ ਟੀਕਾਕਰਣ ਅਫਸਰ ਡਾ. ਵਰਿੰਦਰ ਕੁਮਾਰ, ਜਿਲਾ ਪਰਿਵਾਰ ਭਲਾਈ ਅਫਸਰ ਡਾ. ਵਿਵੇਕ ਰਜੋਰਾ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਵਿਸ਼ਵਦੀਪ ਗੋਇਲ, ਜ਼ਿਲ੍ਹਾ ਟੀਬੀ ਅਫਸਰਡਾ. ਸਰਵਦੀਪ ਰੋਮਾਣਾ, ਜਿਲਾ ਐਪੀਡਿਮਾਲੋਜਿਸਟ ਡਾ. ਹਿਮਾਸ਼ੂ ਗੁਪਤਾ, ਐਸ.ਐਮ.ਓ. ਡਾ. ਪਰਮਜੀਤ ਬਰਾੜ, ਡਾ. ਰਾਜੀਵ ਭੰਡਾਰੀ, ਡਾ. ਹਰਿੰਦਰ ਗਾਂਧੀ, ਏਸੀਐਫਏ ਸੁਮਿਤ ਸ਼ਰਮਾ, ਜ਼ਿਲ੍ਹਾ ਮਾਸ ਮੀਡੀਆ ਅਫਸਰ ਕੁਲਵੰਤ ਸਿੰਘ, ਏ.ਐਮਓ. ਪ੍ਰੀਤਮ ਸਿੰਘ ਸੁਪਰਡੈਂਟ ਆਦਿ ਹਾਜ਼ਿਰ ਸਨ।






LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com

URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

LISTED IN *BRAMPTON*
TORBRAM/ FATHER TOBIN/MOUNTAINASH



1500–2000 sq.ft.
Front Brick and Stone
3+1 ਬੈਡਰੂਮ + 3 ਵਾਸ਼ਰੂਮ,
ਫਰੀਹੋਲਡ ਟਾਊਨ ਹਾਊਸ, ਓਕ
ਸਟੇਅਰਕੇਸ, ਹਾਰਡਵੁੱਡ ਅਤੇ
ਸੀਰਾਮਿਕ ਫਲੋਰ, ਸ਼ਾਨਦਾਰ ਕਿਚਨ
ਮਾਸਟਰ ਬੈਡਰੂਮ ਵਿਚ 5 ਪੀਸ
ਇਨਸੂਇਟ ਅਤੇ ਵਾਕ ਇਨ
ਕਲੋਜ਼ਿਟ, ਨਿਊਂ ਅਪਲਾਂਇਸਿਸ

LISTED IN *BRAMPTON*
BRAMALEA/ SANDALWOOD/DEWSIDE



2000–2500 sq.ft. ਟਾਊਨ ਹਾਊਸ
4+1 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Partially ਫਿਨੀਸ਼ਡ ਬੇਸਮੇਂਟ ਵਿੱਚ
ਵਾਇਨਲ ਫਲੋਰ।
Master ਬੈਡਰੂਮ ਵਿੱਚ 5 ਪੀਸ
ਇਨਸੂਇਟ ਅਤੇ His & Her
ਕਲੋਜ਼ਿਟ, Laundary ਮੇਨ ਫਲੋਰ
ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

LISTED IN *MISSISSAUGA*
BURNHAMTHORPE/CONFEDERATION



900–999 sq.ft. ਲੇਕ ਵਿਊ
2 ਬੈਡਰੂਮ + 1 ਵਾਸ਼ਰੂਮ
ਵੱਡੀਆਂ ਕੀਚਨ ਕੈਬਨਿਟ,
ਨਵਾਂ ਪੇਂਟ, ਨਵੇਂ ਲੈਂਮੀਨੇਟ ਫਲੋਰ,
ਬਹੁਤ ਖੁਲੀ ਬਾਲਕੋਨੀ,
2 ਪਾਰਕਿੰਗ (ਲਿਫਟ ਦੇ ਬਿਲੱਕੁਲ
ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ–
Square One + Celebration
Square, Grand Park Plaza,
Sheridan College Campus.

LISTED IN *CAMBRIDGE*
SPEEDSVILLE RD/ EQUESTRAIN WAY/MAPLE GROVE



1500–2000 sq.ft. ਟਾਊਨ ਹਾਊਸ
4 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Upgraded ਕੀਚਨ,
Stainless Steel Appliacnes
ਬੈਡਰੂਮ ਵਿੱਚ 4 ਪੀਸ
ਇਨਸੂਇਟ ਅਤੇ Walk-in ਕਲੋਜ਼ਿਟ,
Laundary ਮੇਨ ਫਲੋਰ ਤੇ।
ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

FREE
- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN
International
CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA